Tape/CD: 1344

# ਪੰਨਾ ੧੨੬੬

ਮਲਾਰ ਮਹਲਾ ੫ ॥ ਖੀਰ ਅਧਾਰਿ ਬਾਰਿਕੁ ਜਬ ਹੋਤਾ ਬਿਨੁ ਖੀਰੈ ਰਹਨੁ ਨ ਜਾਈ ॥ ਸਾਰਿ ਸਮ੍ਹਾਲਿ ਮਾਤਾ ਮੁਖਿ ਨੀਰੈ ਤਬ ਓਹੁ ਤ੍ਰਿਪਤਿ ਅਘਾਈ ॥ ੧ ॥ **ਹਮ ਬਾਰਿਕ ਪਿਤਾ ਪ੍ਰਭੁ ਦਾਤਾ ॥** ਭੂਲਹਿ ਬਾਰਿਕ ਅਨਿਕ ਲਖ ਬਰੀਆ ਅਨ ਠਉਰ ਨਾਹੀ ਜਹ ਜਾਤਾ ॥ ੧ ॥ ਰਹਾਉ ॥ **ਚੰਚਲ ਮਤਿ ਬਾਰਿਕ ਬਪੁਰੇ ਕੀ ਸਰਪ ਅਗਨਿ ਕਰ ਮੇਲੈ ॥** ਮਾਤਾ ਪਿਤਾ ਕੰਠਿ ਲਾਇ ਰਾਖੈ ਅਨਦ ਸਹਜਿ ਤਬ ਖੇਲੈ ॥ ੨ ॥ ਜਿਸ ਕਾ ਪਿਤਾ ਤੂ ਹੈ ਮੇਰੇ ਸੁਆਮੀ ਤਿਸੁ ਬਾਰਿਕ ਭੂਖ ਕੈਸੀ ॥ ਨਵ ਨਿਧਿ ਨਾਮੁ ਨਿਧਾਨੁ ਗ੍ਰਿਹਿ ਤੇਰੈ ਮਨਿ ਬਾਂਛੈ ਸੋ ਲੈਸੀ ॥ ੩ ॥ ਪਿਤਾ ਕ੍ਰਿਪਾਲਿ ਆਗਿਆ ਇਹ ਦੀਨੀ ਬਾਰਿਕੁ ਮੁਖਿ ਮਾਂਗੈ ਸੋ ਦੇਨਾ ॥ ਨਾਨਕ ਬਾਰਿਕੁ ਦਰਸੁ ਪ੍ਰਭ ਚਾਹੈ ਮੋਹਿ ਹ੍ਰਿਦੈ ਬਸਹਿ ਨਿਤ ਚਰਨਾ ॥ ੪ ॥ ੨ ॥

Tape/CD: 1344

# ਪੰਨਾ ੧੨੧੫

ਸਾਰਗ ਮਹਲਾ ੫ ॥ ਰਸਨਾ ਜਪਤੀ ਤੂਹੀ ਤੂਹੀ ॥ ਮਾਤ ਗਰਭ
ਤੁਮ ਹੀ ਪ੍ਰਤਿਪਾਲਕ ਮ੍ਰਿਤ ਮੰਡਲ ਇਕ ਤੁਹੀ ॥ ੧ ॥ ਰਹਾਉ ॥
ਤੁਮਹਿ ਪਿਤਾ ਤੁਮ ਹੀ ਫੁਨਿ ਮਾਤਾ ਤੁਮਹਿ ਮੀਤ ਹਿਤ ਭ੍ਰਾਤਾ ॥
ਤੁਮ ਪਰਵਾਰ ਤੁਮਹਿ ਆਧਾਰਾ ਤੁਮਹਿ ਜੀਅ ਪ੍ਰਾਨਦਾਤਾ ॥ ੧ ॥
ਤੁਮਹਿ ਖਜੀਨਾ ਤੁਮਹਿ ਜਰੀਨਾ ਤੁਮ ਹੀ ਮਾਣਿਕ ਲਾਲਾ ॥ ਤੁਮਹਿ
ਪਾਰਜਾਤ ਗੁਰ ਤੇ ਪਾਏ ਤਉ ਨਾਨਕ ਭਏ ਨਿਹਾਲਾ
॥ ੨ ॥ ੩੩ ॥ ੫੬ ॥

Tape/CD: 1344

# ਪੰਨਾ ੬੨੬-੨੭

ਸੋਰਠਿ ਮਹਲਾ ੫ ॥ ਸੋਈ ਕਰਾਇ ਜੋ ਤੁਧੁ ਭਾਵੈ ॥ ਮੋਹਿ ਸਿਆਣਪ ਕਛੂ ਨ ਆਵੈ ॥ ਹਮ ਬਾਰਿਕ ਤਉ ਸਰਣਾਈ ॥ ਪ੍ਰਭਿ ਆਪੇ ਪੈਜ ਰਖਾਈ ॥ ੧ ॥ ਮੇਰਾ ਮਾਤ ਪਿਤਾ ਹਰਿ ਰਾਇਆ ॥ ਕਰਿ ਕਿਰਪਾ ਪ੍ਰਤਿਪਾਲਣ ਲਾਗਾ ਕਰੀਂ ਤੇਰਾ ਕਰਾਇਆ ॥ ਰਹਾਉ ॥ ਜੀਅ ਜੰਤ ਤੇਰੇ ਧਾਰੇ ॥ ਪ੍ਰਭ ਡੋਰੀ ਹਾਥਿ ਤੁਮਾਰੇ ॥ ਜਿ ਕਰਾਵੈ ਸੋ ਕਰਣਾ ॥ ਨਾਨਕ ਦਾਸ ਤੇਰੀ ਸਰਣਾ ॥ ੨ ॥ ੭ ॥ ੭੧ ॥

Tape/CD: 1344

# ਪੰਨਾ ੮੯੪

ਰਾਮਕਲੀ ਮਹਲਾ ੫ ॥ ਤੂ ਦਾਨਾ ਤੂ ਅਬਿਚਲੁ ਤੂਹੀ ਤੂ ਜਾਤਿ ਮੇਰੀ ਪਾਤੀ ॥ ਤੂ ਅਡੋਲੁ ਕਦੇ ਡੋਲਹਿ ਨਾਹੀ ਤਾ ਹਮ ਕੈਸੀ ਤਾਤੀ ॥ ੧ ॥ ਏਕੈ ਏਕੈ ਏਕ ਤੂਹੀ ॥ ਏਕੈ ਏਕੈ ਤੂ ਰਾਇਆ ॥ ਤਉ ਕਿਰਪਾ ਤੇ ਸੁਖੁ ਪਾਇਆ ॥ ੧ ॥ ਰਹਾਉ ॥ ਤੂ ਸਾਗਰੁ ਹਮ ਹੰਸ ਤੁਮਾਰੇ ਤੁਮ ਮਹਿ ਮਾਣਕ ਲਾਲਾ ॥ ਤੁਮ ਦੇਵਹੁ ਤਿਲੁ ਸੰਕ ਨ ਮਾਨਹੁ ਹਮ ਭੁੰਚਹ ਸਦਾ ਨਿਹਾਲਾ ॥ ੨ ॥ ਹਮ ਬਾਰਿਕ ਤੁਮ ਪਿਤਾ ਹਮਾਰੇ ਤੁਮ ਮੁਖਿ ਦੇਵਹੁ ਖੀਰਾ ॥ ਹਮ ਖੇਲਹ ਸਭਿ ਲਾਡ ਲਡਾਵਹ ਤੁਮ ਸਦ ਗੁਣੀ ਗਹੀਰਾ ॥ ੩ ॥ ਤੁਮ ਪੂਰਨ ਪੂਰਿ ਰਹੇ ਸੰਪੂਰਨ ਹਮ ਭੀ ਸੰਗਿ ਅਘਾਏ ॥ ਮਿਲਤ ਮਿਲਤ ਮਿਲਤ ਮਿਲਿ ਰਹਿਆ ਨਾਨਕ ਕਹਣੁ ਨ ਜਾਏ ॥ ੪ ॥ ੬ ॥